# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 02-10-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਜੀਵਨ ਵਿੱਚ ਸਫ਼ਾਈ ਅਪਣਾਉਣ ਦੀ ਅਪੀਲ ਕੀਤੀ-ਉਨ੍ਹਾਂ 10 ਹਜ਼ਾਰ ਕਰੋੜ ਰੁਪਏ ਦੇ ਵੱਖ-ਵੱਖ ਸਫ਼ਾਈ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ।
- ਪੰਜਾਬ ਭਰ ਵਿਚ 'ਸਵੱਛਤਾ ਹੀ ਸੇਵਾ ਪੰਦਰਵਾੜੇ' ਤਹਿਤ ਸਫਾਈ ਮੁਹਿੰਮ ਦਾ ਆਯੋਜਨ ਈ ।
- ਪੰਜਾਬ ਸਮੇਤ ਦੇਸ਼ ਭਰ ਵਿਚ ਰਾਸ਼ਟਰਪਿਤਾ ਮਹਾਤਮਾ ਗਾਂਧੀ ਅਤੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਦੀ ਜਨਮ ਵਰ੍ਹੇਗੰਢ ਮੌਕੇ ਸ਼ਰਧਾਂਜਲੀ ਸਮਾਗਮ ਕੀਤੇ ਗਏ ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਵੱਛਤਾ ਪ੍ਰਤੀ ਵਚਨਬੱਧਤਾ ਜੀਵਨ ਭਰ ਦਾ ਵਾਅਦਾ ਏ । ਪ੍ਰਧਾਨ ਮੰਤਰੀ ਨੇ ਲੋਕਾਂ ਨੂੰ

ਸਵੱਛਤਾ ਨੂੰ ਜੀਵਨ ਦਾ ਅਨਿੱਖੜਵਾਂ ਅੰਗ ਬਣਾਉਣ ਦਾ ਅਹਿਦ ਲੈਣ ਦੀ ਅਪੀਲ ਕੀਤੀ। ਸਵੱਛ ਭਾਰਤ ਮਿਸ਼ਨ ਦੇ 10 ਸਾਲ ਪੂਰੇ ਹੋਣ ਦੇ ਮੌਕੇ, ਅੱਜ ਨਵੀਂ ਦਿੱਲੀ ਵਿੱਚ ਸਵੱਛਤਾ ਹੀ ਸੇਵਾ 2024 ਪ੍ਰੋਗਰਾਮ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਮੋਦੀ ਨੇ ਸਵੱਛਤਾ ਨੂੰ ਇੱਕ ਜਨ ਅੰਦੋਲਨ ਬਣਾਉਣ ਲਈ 140 ਕਰੋੜ ਭਾਰਤੀਆਂ ਦੀ ਦ੍ਰਿੜ ਭਾਵਨਾ ਨੂੰ ਸਲਾਮ ਕੀਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਵੱਛਤਾ ਹੀ ਸੇਵਾ ਪੰਦਰਵਾੜੇ ਦੇ ਸਿਰਫ 15 ਦਿਨਾਂ ਵਿੱਚ ਦੇਸ਼ ਵਿੱਚ 27 ਲੱਖ ਤੋਂ ਵੱਧ ਪ੍ਰੋਗਰਾਮ ਕੀਤੇ ਗਏ, ਜਿਸ ਵਿੱਚ 28 ਕਰੋੜ ਤੋਂ ਵੱਧ ਲੋਕਾਂ ਨੇ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਇਹ ਦਿਨ ਸਾਨੂੰ ਮਹਾਤਮਾ ਗਾਂਧੀ ਅਤੇ ਦੇਸ਼ ਦੀਆਂ ਹੋਰ ਮਹਾਨ ਸ਼ਖਸੀਅਤਾਂ ਦੇ ਸੁਪਨਿਆਂ ਦੇ ਭਾਰਤ ਨੂੰ ਹਕੀਕਤ ਵਿੱਚ ਬਦਲਣ ਦੀ ਪ੍ਰੇਰਨਾ ਦਿੰਦਾ ਏ। BYTE:

ਸ਼੍ਰੀ ਮੋਦੀ ਨੇ ਸਵੱਛ ਭਾਰਤ ਮਿਸ਼ਨ ਦੀ ਸਫਲਤਾ ਵਿੱਚ ਸਾਰੇ ਦੇਸ਼ਵਾਸੀਆਂ, ਸਫਾਈ ਕਰਮਚਾਰੀਆਂ, ਧਾਰਮਿਕ ਨੇਤਾਵਾਂ, ਅਥਲੀਟਾਂ, ਮਸ਼ਹੂਰ ਹਸਤੀਆਂ, ਅਤੇ ਗੈਰ ਸਰਕਾਰੀ ਸੰਗਠਨਾਂ ਅਤੇ ਪੱਤਰਕਾਰਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ। ਅੱਜ ਸ਼ੁਰੂ ਕੀਤੇ ਗਏ ਪ੍ਰੋਜੈਕਟਾਂ ਨੂੰ

ਉਜਾਗਰ ਕਰਦੇ ਹੋਏ ਸ਼੍ਰੀ ਮੋਦੀ ਨੇ ਕਿਹਾ ਕਿ ਇਹ ਸਵੱਛ ਭਾਰਤ ਮਿਸ਼ਨ ਨੂੰ ਨਵੀਆਂ ਉਚਾਈਆਂ ਪ੍ਰਦਾਨ ਕਰੇਗਾ। BYTE:ਪ੍ਰਧਾਨ ਮੰਤਰੀ ਨੇ 9 ਹਜ਼ਾਰ 600 ਕਰੋੜ ਰੁਪਏ ਤੋਂ ਵੱਧ ਦੇ ਸਵੱਛਤਾ ਅਤੇ ਸਫਾਈ ਨਾਲ ਸਬੰਧਤ ਵੱਖ-ਵੱਖ ਪ੍ਰੋਜੈਕਟਾਂ ਦੀ ਸ਼ੁਰੂਆਤ ਵੀ ਕੀਤੀ ।

---------------------------------------------------------------

ਜਲੰਧਰ ਸਥਿਤ ਡਾ. ਬੀ. ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਟੈਕਨਾਲੋਜੀ ਨੇ 'ਸਵੱਛ ਭਾਰਤ ਦਿਵਸ' ਤਹਿਤ 'ਸ਼੍ਰਮਦਾਨ' ਸਫਾਈ ਮੁਹਿੰਮ ਦਾ ਆਯੋਜਨ ਕੀਤਾ । ਪ੍ਰੋ. ਕਨੌਜੀਆ ਨੇ ਸਾਫ-ਸੁਥਰੇ ਅਤੇ ਸਿਹਤਮੰਦ ਵਾਤਾਵਰਨ ਨੂੰ ਬਣਾਈ ਰੱਖਣ ਦੀ ਸਾਂਝੀ ਜ਼ਿੰਮੇਵਾਰੀ ਨੂੰ ਵਧਾਉਣ ਵਿੱਚ ਇਸ ਮੁਹਿੰਮ ਦੇ ਮਹੱਤਵ 'ਤੇ ਜ਼ੋਰ ਦਿੱਤਾ । ਇਸ ਵਿੱਚ 'ਸਫਾਈ-ਮਿਤਰ ਸੁਰੱਖਿਆ ਕੈਂਪ' ਥੀਮ ਦੇ ਤਹਿਤ ਇੱਕ ਸਿਹਤ ਜਾਂਚ ਕੈਂਪ ਅਤੇ ਸਫਾਈ ਅਹਿਦ ਦਵਾਇਆ ਗਿਆ। ਜਲੰਧਰ ਦੇ ਸੁਰਾ ਸਥਿਤ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਏਕ ਪੇੜ ਮਾਂ ਕੇ ਨਾਮ ਮੁਹਿੰਮ ਤਹਿਤ ਬੂਟੇ ਲਗਾਉਣਾ, ਨੁਕੜ ਨਾਟਕ, ਸਫਾਈ ਸੰਵਾਦ ਅਤੇ ਸਫਾਈ ਕਲਾਸਾਂ ਸ਼ਾਮਲ ਸਨ, ਜਿਨ੍ਹਾਂ ਦਾ ਉਦੇਸ਼ ਵਿਦਿਆਰਥੀਆਂ ਨੂੰ ਵੱਖ-ਵੱਖ

ਸਫਾਈ ਅਭਿਆਸਾਂ ਬਾਰੇ ਸਿਖਾਉਣਾ ਸੀ । ਫੈਕਲਟੀ ਮੈਂਬਰਾਂ, ਸਟਾਫ ਅਤੇ ਵਿਦਿਆਰਥੀਆਂ ਨੇ ਇਸ ਮੁਹਿੰਮ ਵਿੱਚ ਸਰਗਰਮੀ ਨਾਲ ਹਿੱਸਾ ਲਿਆ।

----------------------------------------------------------

ਓਧਰ ਫਤਿਹਗੜ੍ਹ ਸਾਹਿਬ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਗਰ ਕੌਂਸਲ ਸਰਹਿੰਦ ਅਤੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਸਹਿਯੋਗ ਨਾਲ ਸੇਵਾ ਮੁਹਿੰਮ ਦੇ ਆਖਰੀ ਦਿਨ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਵਿਭਾਗ ਅਧੀਨ ਕੰਮ ਕਰ ਰਹੇ ਸਫਾਈ ਸੇਵਕਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ । ਫ਼ਰੀਦਕੋਟ ਜ਼ਿਲਾ ਪ੍ਰੀਸ਼ਦ ਵਿਖੇ ਵਧੀਕ ਡਿਪਟੀ ਕਮਿਸ਼ਨਰ ਨਰਭਿੰਦਰ ਸਿੰਘ ਗਰੇਵਾਲ ਦੀ ਅਗਵਾਈ ਹੇਠ ਸਵੱਛ ਭਾਰਤ ਦਿਵਸ ਮਨਾਇਆ ਗਿਆ । ਸ਼ਰਮਦਾਨ ਗਤੀਵਿਧੀ ਤਹਿਤ ਸਫ਼ਾਈ ਕੀਤੀ ਅਤੇ ਵੇਸਟ ਪਲਾਸਟਿਕ ਲਫਾਫੇ ਇਕੱਠੇ ਕੀਤੇ । ਇਸੇ ਤਰਾਂ ਸ੍ਰੀ ਮੁਕਤਸਰ ਸਾਹਿਬ ਵਿਖੇ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਰਾਜ ਕੁਮਾਰ ਦੀ ਪ੍ਰਧਾਨਗੀ ਹੇਠ ਅੱਜ ਜ਼ਿਲ੍ਹਾ ਕਚਹਿਰੀ ਕੰਪਲੈਕਸ ਵਿਖੇ ਨਗਰ ਕੌਂਸਲ ਦੇ ਸਫਾਈ ਸੇਵਕਾਂ ਦੇ ਸਹਿਯੋਗ ਨਾਲ ਸਫਾਈ ਦੀ

ਸੁਰੂਆਤ ਕੀਤੀ ਗਈ। ਉਨਾਂ ਨੇ ਮੈਬਰਾਂ ਨੂੰ ਸਹੂੰ ਚੁਕਾਈ ਕਿ ਉਹ ਸਫਾਈ ਮੁਹਿੰਮ ਦੀ ਸ਼ੁਰੂਆਤ ਆਪਣੇ ਘਰ ਤੋਂ ਕਰਨਗੇ ਅਤੇ ਗਿੱਲਾ ਸੁੱਕਾ ਕੂੜਾ ਵੱਖ-ਵੱਖ ਡੱਬਿਆ ਵਿੱਚ ਪਾਉਣਗੇ ।

----------------------------------------------------------

"ਸਵੱਛਤਾ ਹੀ ਸੇਵਾ" ਮੁਹਿੰਮ ਦੇ ਹਿੱਸੇ ਵਜੋਂ ਮੁਹਾਲੀ ਨਗਰ ਨਿਗਮ ਨੇ ਨਾਗਰਿਕਾਂ ਵਿੱਚ ਸਫਾਈ ਅਤੇ ਕੂੜਾ ਪ੍ਰਬੰਧਨ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ, ਇੱਕ ਫਲੈਸ਼ ਮੋਬ ਪ੍ਰੋਗਰਾਮ ਕਰਵਾਇਆ । ਇਸ ਸਮਾਗਮ ਵਿੱਚ ਗਿਆਨ ਜੋਤੀ ਕਾਲਜ ਦੇ ਵਿਦਿਆਰਥੀਆਂ ਨੇ ਜੋਸ਼ ਭਰੀ ਸ਼ਮੂਲੀਅਤ ਕੀਤੀ । ਸੰਯੁਕਤ ਕਮਿਸ਼ਨਰ ਦੀਪਾਂਕਰ ਗਰਗ, ਸਹਾਇਕ ਕਮਿਸ਼ਨਰ ਰੰਜੀਵ ਕੁਮਾਰ, ਪਤਵੰਤਿਆਂ ਨੇ ਮੋਹਾਲੀ ਨੂੰ ਸਾਫ਼ ਸੁਥਰਾ ਅਤੇ ਹਰਿਆ ਭਰਿਆ ਸ਼ਹਿਰ ਬਣਾਉਣ ਲਈ ਲੋਕਾਂ ਦੀ ਸ਼ਮੂਲੀਅਤ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਮੋਹਾਲੀ ਦੇ ਟਿਕਾਊ ਰਹਿੰਦ-ਖੂੰਹਦ ਪ੍ਰਬੰਧਨ ਅਤੇ ਬਿਹਤਰ ਸਵੱਛ ਸਰਵੇਖਣ ਦਰਜਾਬੰਦੀ ਦੇ ਚੱਲ ਰਹੇ ਮਿਸ਼ਨ ਵਿੱਚ ਯੋਗਦਾਨ ਦਿੰਦੇ ਹੋਏ ਭਾਗੀਦਾਰਾਂ ਦੇ ਉਤਸ਼ਾਹ ਅਤੇ ਭਾਵਨਾ ਨੇ ਇਸ ਸਮਾਗਮ ਨੂੰ ਇੱਕ ਸ਼ਾਨਦਾਰ ਤੇ ਸਫ਼ਲ ਬਣਾਇਆ।

ਓਧਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਵੀ ਸਵੱਛਤਾ ਹੀ ਸੇਵਾ ਅਭਿਆਨ ਦਾ ਆਯੋਜਨ ਸਫ਼ਾਈ ਕਰਮਚਾਰੀਆਂ ਅਤੇ ਸਟਾਫ਼ ਦੀ ਸਰਗਰਮ ਸ਼ਮੂਲੀਅਤ ਨਾਲ ਕੀਤਾ ਗਿਆ ।ਪ੍ਰੋਗਰਾਮ ਦੀ ਸ਼ੁਰੂਆਤ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਸੁਰਭੀ ਪਰਾਸ਼ਰ, ਨੇ ਸਾਰਿਆਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਦਾ ਹਿੱਸਾ ਬਣਨ ਅਤੇ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਆਪਣਾ ਯੋਗਦਾਨ ਪਾਉਣ। ਇਸ ਤੋਂ ਬਾਅਦ ਸਾਰੇ ਪ੍ਰਤੀਯੋਗੀਆਂ ਨੇ ਸਵੱਛਤਾ ਦੀ ਸਹੁੰ ਚੁੱਕੀ ਅਤੇ ਕੋਰਟ ਕੰਪਲੈਕਸ ਦੀ ਸਫਾਈ ਕਰਕੇ ਸਫਾਈ ਮੁਹਿੰਮ ਦੀ ਸ਼ੁਰੂਆਤ ਕੀਤੀ।

---------------------------------------------------------------

ਏਧਰ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਚਲ ਰਹੀ ਸਵੱਛਤਾ ਮੁਹਿੰਮ ਬਾਰੇ, ਉੱਚ ਅਧਿਕਾਰੀਆਂ ਅਤੇ ਲੋਕਾਂ ਨੇ ਜਾਣਕਾਰੀ ਦਿਤੀ । BYTE

---------------------------------------------------------------

ਸਵੱਛਤਾ ਹੀ ਸੇਵਾ ਰਾਸ਼ਟਰੀ ਪੱਧਰ ’ਤੇ ਚਲਾਈ ਜਾ ਰਹੀ ਮੁਹਿੰਮ ਦੇ ਤਹਿਤ ਮਾਈ ਭਾਰਤ ਵਲੰਟੀਅਰਸ ਵੱਲੋ ਬਠਿੰਡਾ ਜ਼ਿਲੇ ਦੇ ਵਿਖੇ ਭਾਈ

ਬਹਿਲੋ ਫਿਜ਼ੀਕਲ ਟ੍ਰੇਨਿੰਗ ਸੈਂਟਰ ਨਾਲ ਮਿਲਕੇ ਯੂਥ ਕਲੱਬ ਦੇ ਸਹਿਯੋਗ ਨਾਲ ਵੱਖ-ਵੱਖ ਥਾਵਾਂ ’ਤੇ ਸਫ਼ਾਈ ਅਭਿਆਨ ਚਲਾਇਆ ਗਿਆ। ਜ਼ਿਲ੍ਹਾ ਯੂਥ ਅਫ਼ਸਰ ਹਰਸ਼ਰਨ ਸਿੰਘ ਵੱਲੋਂ ਨੌਜਵਾਨਾਂ ਨੂੰ ਨਿਰੋਗ ਜੀਵਨ ਜਿਊਣ ਲਈ ਸਿੰਗਲ ਵਰਤੋਂ ਵਾਲ਼ੇ ਪਲਾਸਟਿਕ ਦੀ ਵਰਤੋਂ ਘਟਾ ਕੇ ਸਫ਼ਾਈ ਦੇ ਮਹੱਤਵ ਬਾਰੇ ਜਾਣੂ ਕਰਾਇਆ। ਉਨ੍ਹਾਂ ਮਾਈ ਭਾਰਤ ਸਰਕਾਰ ਵੱਲੋਂ ਬਣਾਏ ਮਾਈ ਭਾਰਤ ਪੋਰਟਲ ’ਤੇ ਨੌਜਵਾਨਾਂ ਨੂੰ ਰਜਿਸਟਰ ਕਰਨ ਲਈ ਉਤਸ਼ਾਹਿਤ ਕੀਤਾ। ਇਸ ਮੁਹਿੰਮ ਵਿਚ 70 ਭਾਗੀਦਾਰਾਂ ਨੇ ਹਿੱਸਾ ਲਿਆ।

---------------------------------------------------------------

ਗੁਰਦਾਸਪੁਰ ਵਿਖੇ ਸਵੱਛਤਾ ਪੰਦਰਵਾੜੇ ਦੇ ਤਹਿਤ ਨਹਿਰੂ ਯੁਵਾ ਕੇਂਦਰ ,ਨਗਰ ਕੌਂਸਲ ਗੁਰਦਾਸਪੁਰ ਅਤੇ ਐਨ.ਜੀ.ਓ ਦੇ ਸਹਿਯੋਗ ਨਾਲ ਸ਼ਹਿਰ ਨੂੰ ਪਲਾਸਟਿਕ ਮੁਕਤ ਕਰਨ ਅਤੇ ਸਾਫ ਸਫਾਈ ਰੱਖਣ ਸਬੰਧੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਜ਼ਿਲ੍ਹਾ ਯੂਥ ਅਫਸਰ ਸੰਦੀਪ ਕੌਰ ਨੇ ਕਿਹਾ ਕਿ ਆਲਾ ਦੁਆਲਾ ਮੁਹੱਲਾ ਅਤੇ ਸ਼ਹਿਰ ਸਾਫ ਸੁਥਰਾ ਰੱਖਣ ਸਬੰਧੀ ਸਹਿਯੋਗ ਕਰਨਾ ਚਾਹੀਦਾ ਏ। ਉਹਨਾਂ ਨੇ ਕਿਹਾ

ਕਿ ਨਗਰ ਕੌਂਸਲ ਗੁਰਦਾਸਪੁਰ ਵੱਲੋਂ ਸਮੇਂ-ਸਮੇਂ ਤੇ ਸ਼ਹਿਰ ਦੀ ਸਫਾਈ ਰੱਖਣ ਲਈ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾਂਦਾ ਏ  ਅਤੇ ਆਮ ਥਾਵਾਂ ਦੇ ਗੰਦਗੀ ਨਾ ਫੈਲਾਉਣ ਬਾਰੇ ਪ੍ਰੇਰਿਤ ਕੀਤਾ ਜਾਂਦਾ ਏ ।  ਨਗਰ ਕੌਂਸਲ ਗੁਰਦਾਸਪੁਰ ਤੋਂ ਮਨਦੀਪ ਕੌਰ ਨੇ ਵੀ ਸ਼ਹਿਰ ਵਾਸੀਆਂ ਨੂੰ ਆਪਣੇ ਆਲੇ ਦੁਆਲੇ ਸਵਛਤਾ ਰੱਖਣ ਲਈ ਪ੍ਰੇਰਿਤ ਕੀਤਾ।

---------------------------------------------------------------

ਦੇਸ਼ ਅੱਜ ਰਾਸ਼ਟਰਪਿਤਾ ਮਹਾਤਮਾ ਗਾਂਧੀ ਨੂੰ, ਉਨ੍ਹਾਂ ਦੀ 155ਵੀਂ ਜਨਮ ਵਰ੍ਹੇਗੰਢ 'ਤੇ ਯਾਦ ਕਰ ਰਿਹਾ ਏ । ਦੇਸ਼ ਭਰ ਵਿੱਚ ਅਤੇ ਵਿਦੇਸ਼ਾਂ ਵਿੱਚ ਵੀ ਭਾਰਤੀ ਮਿਸ਼ਨਾਂ ਵੱਲੋਂ ਕਈ ਸਮਾਗਮ ਕਰਾਏ ਜਾ ਰਹੇ ਨੇ । ਰਾਸ਼ਟਰੀ ਰਾਜਧਾਨੀ ਦੇ ਰਾਜਘਾਟ ਸਥਿਤ  ਬਾਪੂ ਦੀ ਸਮਾਧੀ 'ਤੇ ਸਰਬ ਧਰਮ ਪ੍ਰਾਰਥਨਾ ਸਭਾ ਕਰਾਈ ਗਈ । ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ  ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਲੋਕ ਸਭਾ ਸਪੀਕਰ ਓਮ ਬਿਰਲਾ, ਕੇਂਦਰੀ ਮੰਤਰੀਆਂ, ਅਤੇ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਰਾਜਘਾਟ 'ਤੇ ਮਹਾਤਮਾ ਗਾਂਧੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ।

---------------------------------------------------------

ਵਿਸ਼ਵ-ਭਰ ਵਿਚ ਮਹਾਤਮਾ ਗਾਂਧੀ ਦੀ ਵਿਚਾਰਧਾਰਾ ਨੂੰ ਪ੍ਰਚਾਰਿਤ ਕਰਨ ਵਾਲੀ ਸੰਸਥਾ 'ਗਾਂਧੀਅਨ ਗਲੋਬਲ ਫੈਮਿਲੀ' ਵੱਲੋਂ ਅੱਜ ਮੋਗਾ ਦੇ ਪਿੰਡ ਤਲਵੰਡੀ ਭੰਗੇਰੀਆਂ ਦੇ ਨਿੱਜੀ ਕਾਲਜ ਵਿਖੇ ਗਾਂਧੀ ਜਯੰਤੀ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਮਹਾਤਮਾ ਗਾਂਧੀ ਮਿਊਜ਼ੀਅਮ ਵਿਖੇ ਸਾਬਕਾ ਮੰਤਰੀ ਡਾ: ਮਾਲਤੀ ਥਾਪਰ , 'ਗਾਂਧੀਅਨ ਗਲੋਬਲ ਫੈਮਿਲੀ' ਦੇ ਨੁਮਾਇੰਦੇ ਡਾ: ਪਵਨ ਥਾਪਰ ਅਤੇ ਵਿਦਿਆਰਥੀਆਂ ਨੇ ਵੀ ਸ਼ਰਧਾ ਦੇ ਫੁਲ ਭੇਂਟ ਕੀਤੇ। ਡਾ: ਮਾਲਤੀ ਥਾਪਰ ਨੇ ਆਖਿਆ ਕਿ ਮਹਾਤਮਾ ਗਾਂਧੀ ਦੀ ਸੋਚ ਪੂਰੀ ਤਰਾਂ ਧਰਮ ਨਿਰਪੱਖ ਸੀ ਅਤੇ ਉਹਨਾਂ ਨੇ ਰਾਸ਼ਟਰ ਦੀ ਮਜਬੂਤੀ ਲਈ ਬਿਹਤਰ ਸਮਾਜ ਦੀ ਸਥਾਪਨਾ ਦੇ ਸੰਕਲਪ ਨੂੰ ਮੂਲ ਰੂਪ ਵਿਚ ਪਿੰਡ ਦੀ ਪ੍ਰਗਤੀ

---------------------------------------------------------

ਦੇਸ਼ ਅੱਜ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਨੂੰ ਵੀ ਓਹਨਾਂ ਦੀ 120 ਵੀਂ ਜਨਮ ਵਰ੍ਹੇਗੰਢ 'ਤੇ ਯਾਦ ਕਰ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ, ਲੋਕ ਸਭਾ ਸਪੀਕਰ ਓਮ ਬਿਰਲਾ, ਕੇਂਦਰੀ ਮੰਤਰੀਆਂ,

ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਨੇ ਲਾਲ ਬਹਾਦੁਰ ਸ਼ਾਸਤਰੀ ਨੂੰ, ਦਿੱਲੀ ਵਿੱਚ ਉਨ੍ਹਾਂ ਦੀ ਸਮਾਧੀ ਵਿਜੇ ਘਾਟ ਵਿਖੇ ਸ਼ਰਧਾ ਦੇ ਫੁੱਲ ਭੇਟ ਕੀਤੇ।

---------------------------------------------------

ਜਲੰਧਰ ਛਾਉਣੀ ਦੇ ਖੇਤਰੀ ਲੇਖਾ ਦਫ਼ਤਰ ਵੱਲੋਂ ਕੱਲ ਰੱਖਿਆ ਲੇਖਾ ਵਿਭਾਗ ਦਾ ਸਥਾਪਨਾ ਦਿਵਸ ਮਨਾਇਆ ਗਿਆ । ਇਸ ਮੌਕੇ ਵੱਖ-ਵੱਖ ਪ੍ਰੋਗਰਾਮ ਕਰਵਾਏ ਗਏ । ਖੇਤਰੀ ਦਫਤਰ ਦੀ ਇੰਚਾਰਜ ਮਨਜੀਤ ਕੌਰ ਵਧੀਕ ਕੰਟਰੋਲਰ ਨੇ ਕਿਹਾ ਕਿ ਰੱਖਿਆ ਲੇਖਾ ਵਿਭਾਗ ਦੇਸ਼ ਦੀ ਫੌਜ ਦੀਆਂ ਸੇਵਾਵਾਂ ਵਿੱਚ ਸਰਗਰਮੀ ਨਾਲ ਜੁਟਿਆ ਹੋਇਆ ਏ ਅਤੇ ਉਹ ਆਡਿਟ, ਅਦਾਇਗੀ ਅਤੇ ਵਿੱਤੀ ਮਾਮਲਿਆਂ ਨੂੰ ਕੁਸ਼ਲਤਾ ਨਾਲ ਸੰਭਾਲ ਰਿਹਾ ਏ । ਸਲਾਹਕਾਰੀ ਸੇਵਾਵਾਂ ਪ੍ਰਦਾਨ ਕਰਨਾ। ਉਨ੍ਹਾਂ ਕਰਮਚਾਰੀਆਂ ਅਤੇ ਅਧਿਕਾਰੀਆਂ ਨੂੰ ਹੋਰ ਸੁਚਾਰੂ ਢੰਗ ਨਾਲ ਸੇਵਾਵਾਂ ਪ੍ਰਦਾਨ ਕਰਨ ਦੇ ਸਮਰੱਥ ਹੋਣ ਦਾ ਸੱਦਾ ਦਿੱਤਾ। ਇਸ ਪ੍ਰੋਗਰਾਮ ਵਿੱਚ ਹੋਰ ਸੀਨੀਅਰ ਲੇਖਾ ਅਧਿਕਾਰੀ ਵੀ ਮੌਜੂਦ ਰਹੇ । ਇਸ ਮੌਕੇ ਖੇਤਰੀ ਦਫ਼ਤਰ ਅਤੇ ਰਾਮਾ ਮੰਡੀ ਸਥਿਤ ਰਿਹਾਇਸ਼ੀ

ਕਲੋਨੀ ਵਿੱਚ ਸਫ਼ਾਈ ਮੁਹਿੰਮ ਚਲਾਈ ਗਈ, ਜਿਸ ਵਿੱਚ ਮੁਲਾਜ਼ਮਾਂ ਤੇ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ ਅਤੇ ਬੂਟੇ ਲਗਾਉਣ ਦੀ ਮੁਹਿੰਮ ਚਲਾ ਕੇ ਵਾਤਾਵਰਨ ਸੰਭਾਲ ਦਾ ਸੁਨੇਹਾ ਵੀ ਦਿੱਤਾ ਗਿਆ।

---------------------------------------------------

ਅੱਜ ਸਵੈ ਇੱਛਾ ਨਾਲ ਖ਼ੂਨਦਾਨ ਬਾਰੇ ਕੌਮੀ ਦਿਵਸ ਮੌਕੇ ਬਲੱਡ ਸੈਂਟਰ ਸਿਵਲ ਹਸਪਤਾਲ ਰੂਪਨਗਰ ਵੱਲੋਂ ਲੋਕਾਂ ਨੂੰ ਖ਼ੂਨਦਾਨ ਬਾਰੇ ਜਾਗਰੂਕਤਾ ਰੈਲੀ ਕੱਢੀ ਗਈ । ਰੈਲੀ ਵਿਚ ਸਰਕਾਰੀ ਨਰਸਿੰਗ ਕਾਲਜ ਅਤੇ ਪ੍ਰਾਈਵੇਟ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਨੇ ਹਿੱਸਾ ਲਿਆ । 17 ਸਤੰਬਰ ਤੋਂ 17 ਅਕਤੂਬਰ ਤੱਕ ਚਲਾਈ ਜਾ ਰਹੀ ਵਿਸ਼ੇਸ਼ ਖ਼ੂਨਦਾਨ ਮੁਹਿੰਮ ਸੰਬੰਧੀ ਵੀ ਜਾਗਰੂਕ ਕੀਤਾ ਗਿਆ ਅਤੇ ਇਸ ਮੁਹਿੰਮ ਤਹਿਤ 18 ਤੋ 65 ਸਾਲ ਦੀ ਉਮਰ ਤੱਕ ਦਾ ਕੋਈ ਵੀ ਸਿਹਤਮੰਦ ਵਿਅਕਤੀ , ਸਵੈ ਇੱਛਾ ਨਾਲ ਖ਼ੂਨਦਾਨ ਕਰ ਸਕਦਾ ਏ।

---------------------------------------------------

ਫਾਜ਼ਿਲਕਾ ਦੇ ਪਿੰਡ ਅਰਨੀਵਾਲਾ ਵਿੱਚ ਅੱਜ ਤੜਕੇ ਕਰੀਬ ਸਾਢੇ 5 ਵਜੇ ਪੈਦਲ ਜਾ ਰਹੇ ਦੋ ਵਿਅਕਤੀਆਂ ਨੂੰ ਤੇਜ਼ ਰਫ਼ਤਾਰ ਕਾਰ ਨੇ ਟੱਕਰ

ਮਾਰ ਦਿੱਤੀ, ਇਸ ਹਾਦਸੇ ਵਿਚ ਇਕ ਵਿਅਕਤੀ ਦੀ ਮੌਤ ਹੋ ਗਈ ਤੇ ਦੂਜਾ ਜਖਮੀ ਏ । ਸਾਢੇ ਪਤਰਕਾਰ ਨੇ ਦਸਿਆ ਕਿ ਮ੍ਰਿਤਕ ਕੰਵਲਜੀਤ ਸਿੰਘ ਆਪਣੇ ਇਕ ਦੋਸਤ ਨਾਲ ਸੈਰ ਕਰਨ ਜਾ ਰਿਹਾ ਸੀ ਕਿ ਤਾ ਪਿੱਛੇ ਤੋਂ ਆ ਰਹੀ ਇੱਕ ਤੇਜ਼ ਰਫ਼ਤਾਰ ਕਾਰ ਨੇ ਉਸ ਨੂੰ ਟੱਕਰ ਮਾਰ ਦਿੱਤੀ। ਦੋਵਾਂ ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਕੰਵਲਜੀਤ ਸਿੰਘ ਮ੍ਰਿਤਕ ਐਲਾਨ ਦਿੱਤਾ। ਜਦਕਿ ਦੂਜੇ ਜ਼ਖਮੀ ਦਾ ਇਲਾਜ ਕੀਤਾ ਜਾ ਰਿਹਾ ਏ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਏ।

---------------------------------------------------------

ਫ਼ਰੀਦਕੋਟ ਦੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਕਿਹਾ ਏ ਕਿ ਪਰਾਲੀ ਦੀ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਕੋਈ ਵੀ ਢਿੱਲ ਨਹੀਂ ਵਰਤੀ ਜਾਵੇਗੀ ਅਤੇ ਅੱਗ ਲਗਾਉਣ ਵਾਲੇ ਕਿਸਾਨਾਂ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆਂ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਵੱਡੇ ਪੱਧਰ ਤੇ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਏ। ਉਨ੍ਹਾਂ ਕਿਹਾ ਕਿ ਅੱਗ ਲਗਾਉਣ ਵਾਲੇ ਕਿਸਾਨਾਂ ਦੇ ਚਲਾਨ ਕੱਟੇ ਜਾਣਗੇ,ਇਸ

ਦੇ ਨਾਲ ਹੀ ਜੋ ਕਿਸਾਨ ਪਰਾਲੀ ਨੂੰ ਅੱਗ ਨਹੀਂ ਲਗਾਉਣਗੇ ਉਨਾਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ  ਪੰਜਾਬ ਹਵਾ ਪ੍ਰਦੂਸ਼ਣ ਰੋਕੂ ਕੰਟਰੋਲ ਐਕਟ ਤਹਿਤ ਜੇਕਰ ਕੋਈ ਕਿਸਾਨ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਂਦਾ ਏ  ਤਾਂ ਢਾਈ ਏਕੜ ਦੀ ਮਾਲਕੀ ਵਾਲੇ ਕਿਸਾਨ ਨੂੰ 2500 ਰੁਪਏ, ਢਾਈ ਤੋਂ ਪੰਜ ਏਕੜ ਦੀ ਮਾਲਕੀ ਵਾਲੇ ਕਿਸਾਨ ਨੂੰ 5000 ਰੁਪਏ ਅਤੇ ਪੰਜ ਏਕੜ ਤੋਂ ਜ਼ਿਆਦਾ ਜ਼ਮੀਨ ਦੀ ਮਾਲਕੀ ਵਾਲੇ ਕਿਸਾਨਾਂ ਨੂੰ 15000 ਰੁਪਏ ਜੁਰਮਾਨਾ ਲਗਾਇਆ ਜਾਵੇਗਾ ਅਤੇ ਇਸ ਦੇ ਨਾਲ ਨਾਲ ਉਨ੍ਹਾਂ ਦੇ ਜਮੀਨੀ ਰਿਕਾਰਡ ਵਿੱਚ ਲਾਲ ਇੰਦਰਾਜ ਕੀਤਾ ਜਾਵੇਗਾ ।

---------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਜੀਵਨ ਵਿੱਚ ਸਫ਼ਾਈ ਅਪਣਾਉਣ ਦੀ ਅਪੀਲ ਕੀਤੀ-ਉਨ੍ਹਾਂ 10 ਹਜ਼ਾਰ ਕਰੋੜ ਰੁਪਏ ਦੇ ਵੱਖ-ਵੱਖ ਸਫ਼ਾਈ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ।
- ਪੰਜਾਬ ਭਰ ਵਿਚ 'ਸਵੱਛਤਾ ਹੀ ਸੇਵਾ ਪੰਦਰਵਾੜੇ' ਤਹਿਤ ਸਫਾਈ ਮੁਹਿੰਮ ਦਾ ਆਯੋਜਨ ਈ ।

- ਪੰਜਾਬ ਸਮੇਤ ਦੇਸ਼ ਭਰ ਵਿਚ ਰਾਸ਼ਟਰਪਿਤਾ ਮਹਾਤਮਾ ਗਾਂਧੀ ਅਤੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਦੀ ਜਨਮ ਵਰ੍ਹੇਗੰਢ ਮੌਕੇ ਸ਼ਰਧਾਂਜਲੀ ਸਮਾਗਮ ਕੀਤੇ ਗਏ।